# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

## 13:10

**ਮਿਤੀ :09-04-2026**

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਏ ਕਿ ਵਿਧਾਨ ਸਭਾਵਾਂ ਵਿੱਚ ਔਰਤਾਂ ਲਈ ਰਾਖਵਾਂਕਰਨ ਸਮੇਂ ਦੀ ਲੋੜ ਏ । ਵੱਖ-ਵੱਖ ਅਖ਼ਬਾਰਾਂ ਵਿੱਚ ਵਿਸ਼ੇਸ਼ ਖੁੱਲੇ ਲੇਖ ਵਿੱਚ ਆਪਣੇ ਵਿਚਾਰ ਪ੍ਰਗਟ ਕਰਦੇ ਹੋਏ, ਪ੍ਰਧਾਨ ਮੰਤਰੀ ਨੇ ਕਿਹਾ ਕਿ ਔਰਤਾਂ ਲਈ ਰਾਖਵਾਂਕਰਨ ਲੋਕਤੰਤਰ ਨੂੰ ਹੋਰ ਜੀਵੰਤ ਅਤੇ ਹਿੱਸੇਦਾਰੀ ਵਾਲਾ ਬਣਾਏਗਾ। ਉਨ੍ਹਾਂ ਕਿਹਾ ਕਿ ਇਸ ਰਾਖਵੇਂਕਰਨ ਨੂੰ ਲਾਗੂ ਕਰਨ ਵਿੱਚ ਕਿਸੇ ਤਰ੍ਹਾਂ ਦੀ ਵੀ ਦੇਰੀ ਬਹੁਤ ਹੀ ਮੰਦਭਾਗੀ ਹੋਵੇਗੀ । ਆਪਣੇ ਲੇਖ ਵਿੱਚ, ਪ੍ਰਧਾਨ ਮੰਤਰੀ ਨੇ ਕਿਹਾ ਕਿ ਵਿਧਾਨ ਸਭਾਵਾਂ ਵਿੱਚ ਔਰਤਾਂ ਲਈ ਰਾਖਵਾਂਕਰਨ ਦੇਸ਼ ਭਰ ਦੀਆਂ ਲੱਖਾਂ ਔਰਤਾਂ ਦੀਆਂ ਆਸਾਂ – ਉਮੀਦਾਂ ਨੂੰ ਦਰਸਾਉਂਦਾ ਏ ਅਤੇ ਇਸ ਸਿਧਾਂਤ ਦੀ ਪੁਸ਼ਟੀ ਕਰਦਾ ਏ ਕਿ ਸਮਾਜ ਉਦੋਂ ਹੀ ਤਰੱਕੀ ਕਰਦਾ ਏ ਜਦੋਂ ਔਰਤਾਂ ਤਰੱਕੀ ਕਰਦੀਆਂ ਨੇ. ਔਰਤਾਂ ਦੇ ਯੋਗਦਾਨ ਦਾ ਹਵਾਲਾ ਦਿੰਦੇ ਹੋਏ, ਸ਼੍ਰੀ ਮੋਦੀ ਨੇ ਕਿਹਾ ਕਿ ਵਿਗਿਆਨ ਅਤੇ ਤਕਨਾਲੋਜੀ ਤੋਂ ਲੈ ਕੇ ਉੱਦਮਤਾ ਤੱਕ, ਖੇਡਾਂ ਤੋਂ ਲੈ ਕੇ ਹਥਿਆਰਬੰਦ ਬਲਾਂ ਤੱਕ, ਅਤੇ

ਸੰਗੀਤ ਤੋਂ ਲੈ ਕੇ ਕਲਾ ਤੱਕ, ਔਰਤਾਂ ਦੇਸ਼ ਦੀ ਤਰੱਕੀ ਦੇ ਹਰ ਖੇਤਰ ਵਿੱਚ ਮੋਹਰੀ ਭੂਮਿਕਾ ਨਿਭਾ ਰਹੀਆਂ ਨੇ. ਪ੍ਰਧਾਨ ਮੰਤਰੀ ਨੇ ਕਿਹਾ ਕਿ ਜਦੋਂ ਔਰਤਾਂ ਪ੍ਰਸ਼ਾਸਨ ਅਤੇ ਫੈਸਲਾ ਲੈਣ ਦੀ ਪ੍ਰਕਿਰਿਆ ਵਿੱਚ ਹਿੱਸਾ ਲੈਂਦੀਆਂ ਨੇ, ਤਾਂ ਉਹ ਆਪਣੇ ਤਜ਼ਰਬਿਆਂ ਅਤੇ ਦ੍ਰਿਸ਼ਟੀਕੋਣਾਂ ਰਾਹੀਂ ਜਨਤਕ ਚਰਚਾ ਨੂੰ ਵਧਾਉਂਦੀਆਂ ਨੇ, ਸ਼ਾਸਨ ਦੀ ਗੁਣਵੱਤਾ ਵਿੱਚ ਸੁਧਾਰ ਕਰਦੀਆਂ ਨੇ.

---------------------------------------------------------------

ਪੰਜਾਬ ਦੇ ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੇ ਕੇਂਦਰ ਸਰਕਾਰ ਨੂੰ ਪੱਤਰ ਲਿਖ ਕੇ ਹਾਲ ਹੀ ਵਿੱਚ ਭਾਰੀ ਮੀਂਹ ਅਤੇ ਗੜ੍ਹੇਮਾਰੀ ਕਾਰਨ ਕਣਕ ਸਮੇਤ ਹਾੜ੍ਹੀ ਦੀਆਂ ਹੋਰ ਫ਼ਸਲਾਂ ਦੇ ਨੁਕਸਾਨ ਦਾ ਜਾਇਜ਼ਾ ਲੈਣ ਲਈ ਤੁਰੰਤ ਇੱਕ ਉੱਚ ਪੱਧਰੀ ਟੀਮ ਭੇਜਣ ਦੀ ਅਪੀਲ ਕੀਤੀ ਏ। ਕੇਂਦਰੀ ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ ਸ੍ਰੀ ਸ਼ਿਵਰਾਜ ਸਿੰਘ ਚੌਹਾਨ ਨੂੰ ਲਿਖੇ ਪੱਤਰ ਵਿੱਚ ਸ੍ਰੀ ਖੁੱਡੀਆਂ ਨੇ ਹਾਲ ਹੀ ਵਿੱਚ ਖ਼ਰਾਬ ਮੌਸਮ ਕਰਕੇ ਸੂਬੇ ਵਿੱਚ ਕਣਕ ਦੀ ਫ਼ਸਲ 'ਤੇ ਪਏ ਮਾੜੇ ਪ੍ਰਭਾਵ ਦਾ ਜ਼ਿਕਰ ਕਰਦਿਆਂ ਕਿਹਾ ਕਿ ਮੌਜੂਦਾ ਹਾੜ੍ਹੀ ਰੁਤ ਦੌਰਾਨ 35 ਲੱਖ ਹੈਕਟੇਅਰ 'ਤੇ ਕਣਕ ਦੀ ਬਿਜਾਈ ਕੀਤੀ ਕੀਤੀ ਗਈ ਸੀ ਅਤੇ ਇਸ ਵਾਰ ਵੱਡੀ ਪੈਦਾਵਾਰ ਦੀ ਉਮੀਦ ਲਾਈ ਜਾ ਰਹੀ ਸੀ, ਪਰ ਲਗਾਤਾਰ ਮੀਂਹ ਅਤੇ ਗੜ੍ਹੇਮਾਰੀ ਕਰਕੇ ਫ਼ਸਲਾਂ ਦੇ ਨੁਕਸਾਨ ਨੇ

ਕਿਸਾਨ ਭਾਈਚਾਰੇ ਲਈ ਵੱਡੀ ਚਿੰਤਾ ਖੜ੍ਹੀ ਕਰ ਦਿੱਤੀ ਏ। ਸ੍ਰੀ ਖੁੱਡੀਆਂ ਨੇ ਦੱਸਿਆ ਕਿ ਸੂਬੇ ਦੇ ਖੇਤੀਬਾੜੀ ਵਿਭਾਗ ਦੇ ਮੁੱਢਲੇ ਮੁਲੰਕਣ ,ਮੁਤਾਬਿਕ 1 ਲੱਖ 30 ਹਜ਼ਾਰ ਏਕੜ ਤੋਂ ਵੱਧ ਰਕਬੇ ਵਿੱਚ ਫਸਲਾਂ ਦੇ ਨੁਕਸਾਨ ਦਾ ਅਨੁਮਾਨ ਲਾਇਆ ਜਾ ਰਿਹਾ ਏ। ਉਨ੍ਹਾਂ ਕਿਹਾ ਕਿ ਮੀਂਹ ਨਾ ਰੁਕਣ ਕਰਕੇ ਨੁਕਸਾਨ ਵੀ ਵਧਦਾ ਜਾ ਰਿਹਾ ਏ ਅਤੇ ਅੰਕੜਾ ਹੋਰ ਵੀ ਵੱਧ ਸਕਦਾ ਏ। ਉਨ੍ਹਾਂ ਅੱਗੇ ਕਿਹੈ ਕਿ ਇਹ ਨੁਕਸਾਨ ਸਿਰਫ਼ ਕਣਕ ਤੱਕ ਸੀਮਤ ਨਹੀਂ ਏ ਤੇ ਕਈ ਜ਼ਿਲ੍ਹਿਆਂ ਵਿੱਚ ਸਬਜ਼ੀਆਂ, ਹਰੇ ਚਾਰੇ ਅਤੇ ਹਾੜੀ ਦੀਆਂ ਹੋਰ ਫਸਲਾਂ ਨੂੰ ਵੀ ਨੁਕਸਾਨ ਪਹੁੰਚਿਆ ਏ। ਇਸ ਨੁਕਸਾਨ ਨਾਲ ਕਿਸਾਨਾਂ ਦੀ ਉਪਜੀਵਿਕਾ ਅਤੇ ਰਾਜ ਦੀ ਖੇਤੀਬਾੜੀ ਆਰਥਿਕਤਾ ਨੂੰ ਗੰਭੀਰ ਖ਼ਤਰਾ ਦਰਪੇਸ਼ ਏ. ਸ੍ਰੀ ਖੁੱਡੀਆਂ ਨੇ ਦੱਸਿਆ ਕਿ ਰਾਜ ਨੇ ਪਹਿਲਾਂ ਹੀ ਫਸਲਾਂ ਦੇ ਨੁਕਸਾਨ ਦਾ ਜਾਇਜ਼ਾ ਲੈਣ ਲਈ ਵਿਸ਼ੇਸ਼ ਗਿਰਦਾਵਰੀ ਦੇ ਹੁਕਮ ਦਿੱਤੇ ਨੇ. ਸ੍ਰੀ ਖੁੱਡੀਆਂ ਨੇ ਕਿਹਾ ਕਿ ਵਿਸਥਾਰ ਨਾਲ ਮੁਲੰਕਣ ਲਈ ਤੁਰੰਤ ਕੇਂਦਰੀ ਟੀਮ ਭੇਜਣ ਦੀ ਲੋੜ ਏ। ਉਨ੍ਹਾਂ ਨਾਲ ਹੀ ਭਰੋਸਾ ਦਿੱਤਾ ਕਿ ਰਾਜ ਸਰਕਾਰ ਕਿਸਾਨਾਂ ਦੀ ਹਮਾਇਤ ਲਈ ਵਚਨਬੱਧ ਏ  ਅਤੇ ਕੇਂਦਰੀ ਟੀਮ ਨੂੰ ਹਰ ਲੋੜੀਂਦਾ ਸਹਿਯੋਗ ਦਿੱਤਾ ਜਾਵੇਗਾ।

---------------------------------------------------------------

ਪੰਜਾਬ ਦੇ ਆੜ੍ਹਤੀਆਂ ਨੇ ਕਲ੍ਹ ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਅਤੇ ਜਲ ਸਰੋਤ ਮੰਤਰੀ ਸ੍ਰੀ ਬਰਿੰਦਰ ਕੁਮਾਰ ਗੋਇਲ ਨਾਲ ਮੀਟਿੰਗ ਤੋਂ ਬਾਅਦ ਹਫ਼ਤੇ ਤੋਂ ਚੱਲ ਰਹੀ ਹੜਤਾਲ ਵਾਪਸ ਲੈ ਲਈ ਏ। ਹੜਤਾਲ ਵਾਪਸ ਹੋਣ ਨਾਲ ਸੂਬੇ ਦੀਆਂ ਮੰਡੀਆਂ ਵਿੱਚ ਕਣਕ ਦੀ ਫ਼ਸਲ ਦੀ ਨਿਰਵਿਘਨ ਖਰੀਦ ਮੁੜ ਸ਼ੁਰੂ ਹੋਣ ਲਈ ਰਾਹ ਪੱਧਰਾ ਹੋ ਗਿਆ ਏ। ਸ੍ਰੀ ਖੁੱਡੀਆਂ ਅਤੇ ਸ੍ਰੀ ਗੋਇਲ ਨੇ ਆੜ੍ਹਤੀਆਂ ਦੇ ਵਫ਼ਦ ਨਾਲ ਉਨ੍ਹਾਂ ਦੀਆਂ ਵੱਖ-ਵੱਖ ਮੰਗਾਂ ’ਤੇ ਵਿਸਥਾਰ ਪੂਰਨ ਵਿਚਾਰ-ਚਰਚਾ ਕੀਤੀ। ਸਰਕਾਰ ਵੱਲੋਂ ਆੜ੍ਹਤੀਆਂ ਦੇ ਜਾਇਜ਼ ਮਸਲਿਆਂ ’ਤੇ ਹਮਦਰਦੀ ਨਾਲ ਵਿਚਾਰ ਕਰਨ ਅਤੇ ਹੱਲ ਕਰਨ ਦੇ ਭਰੋਸੇ ਤੋਂ ਬਾਅਦ ਫੈਡਰੇਸ਼ਨ ਨੇ ਹੜਤਾਲ ਵਾਪਸ ਲੈਣ ਦਾ ਐਲਾਨ ਕੀਤਾ।

-----------------------------------------------------

ਪੰਜਾਬ ਦੇ ਜਲ ਸਰੋਤ ਮੰਤਰੀ ਸ੍ਰੀ ਬਰਿੰਦਰ ਕੁਮਾਰ ਗੋਇਲ ਨੇ ਪੰਜਾਬ ਖੇਤੀਬਾੜੀ ਯੂਨੀਵਰਸਿਟੀ (ਪੀ.ਏ.ਯੂ), ਲੁਧਿਆਣਾ ਵਿਖੇ ਸੂਬੇ ਦੇ ਪਹਿਲੇ ਕੇਂਦਰੀ ਧਰੁਵੀ ਸਿੰਜਾਈ ਸਿਲਸਿਲੇ ਦਾ ਉਦਘਾਟਨ ਕੀਤਾ। ਇਹ ਉੱਤਰੀ ਭਾਰਤ ਵਿੱਚ ਆਧੁਨਿਕ, ਸਵੈਚਾਲਿਤ ਸਿੰਜਾਈ ਤਕਨਾਲੋਜੀ ਦਾ ਸਥਾਪਤ ਕੀਤਾ ਗਿਆ ਪਹਿਲਾ ਪ੍ਰਾਜੈਕਟ ਏ। ਇਸ ਮੌਕੇ ਅਗਾਂਹਵਧੂ ਕਿਸਾਨ, ਵਿਗਿਆਨੀ, ਫੈਕਲਟੀ ਮੈਂਬਰ ਅਤੇ ਮਿੱਟੀ ਤੇ ਜਲ ਸੰਭਾਲ,

ਖੇਤੀਬਾੜੀ, ਬਾਗਬਾਨੀ ਅਤੇ ਹੋਰ ਸਹਿਯੋਗੀ ਵਿਭਾਗਾਂ ਦੇ ਸੀਨੀਅਰ ਅਧਿਕਾਰੀ ਵੀ ਉਦਘਾਟਨ ਸਮਾਰੋਹ ਵਿੱਚ ਸ਼ਾਮਲ ਹੋਏ । ਇਸ ਮੌਕੇ ਬੋਲਦਿਆਂ, ਕੈਬਨਿਟ ਮੰਤਰੀ ਬਰਿੰਦਰ ਕੁਮਾਰ ਗੋਇਲ ਨੇ ਵਿਗਿਆਨੀਆਂ, ਅਧਿਕਾਰੀਆਂ ਅਤੇ ਵਿਦਿਆਰਥੀਆਂ ਨੂੰ ਆਰਟੀਫੀਸ਼ੀਅਲ ਇੰਟੈਲੀਜੈਂਸ (AI) ਦੇ ਉੱਭਰ ਰਹੇ ਯੁੱਗ ਵਿੱਚ ਨਵੀਆਂ ਕਾਢਾਂ 'ਤੇ ਧਿਆਨ ਕੇਂਦਰਿਤ ਕਰਨ ਅਤੇ ਅਤਿ-ਆਧੁਨਿਕ ਖੇਤੀਬਾੜੀ ਤਕਨਾਲੋਜੀਆਂ ਨੂੰ ਅਪਣਾਉਣ ਦੀ ਅਪੀਲ ਕੀਤੀ। ਉਨ੍ਹਾਂ ਨੇ ਪੰਜਾਬ ਵਿੱਚ ਭੂਮੀਗਤ ਪਾਣੀ ਦੀ ਨਾਜ਼ੁਕ ਸਥਿਤੀ ਨੂੰ ਉਜਾਗਰ ਕਰਦਿਆਂ ਪਾਣੀ ਦੀ ਸੰਭਾਲ ਲਈ ਆਧੁਨਿਕ ਸਿੰਜਾਈ ਤਰੀਕਿਆਂ ਨੂੰ ਉਤਸ਼ਾਹਿਤ ਕਰਨ ਦੀ ਤੁਰੰਤ ਲੋੜ 'ਤੇ ਜ਼ੋਰ ਦਿੱਤਾ।

---------------------------------------------------------------

ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਫਰੀਦ ਕੋਟ ਦੇ ਪਿੰਡ ਕੋਠੇ ਵੜਿੰਗ ਵਿਖੇ 143 ਲੱਖ ਰੁਪਏ ਦੀ ਲਾਗਤ ਨਾਲ ਬਣਨ ਵਾਲੇ ਸ਼ਹਿਰੀ ਮੁਢਲੇ ਸਿਹਤ ਕੇਂਦਰ ਦਾ ਨੀਂਹ ਪੱਥਰ ਰੱਖਿਆ। ਇਸ ਮੌਕੇ ਉਨ੍ਹਾਂ ਕਿਹਾ ਕਿ ਸਰਕਾਰ ਵੱਲੋਂ ਲੋਕਾਂ ਨੂੰ ਘਰਾਂ ਦੇ ਨੇੜੇ ਹੀ ਵਧੀਆ ਗੁਣਵੱਤਾ ਵਾਲੀਆਂ ਸਿਹਤ ਸੇਵਾਵਾਂ ਮੁੱਹਈਆ ਕਰਵਾਉਣ ਲਈ ਵੱਡੇ ਪੱਧਰ ’ਤੇ ਉਪਰਾਲੇ ਕੀਤੇ ਜਾ ਰਹੇ ਨੇ. ਓਹਨਾਂ ਦੱਸਿਆ ਕਿ ਇਸ ਕੇਂਦਰ ਦਾ ਕੰਮ 6 ਮਹੀਨੇ ਵਿੱਚ ਪੂਰਾ ਹੋਵੇਗਾ। ਸ਼੍ਰੀ ਸੰਧਵਾਂ ਨੇ ਕਿਹਾ ਕਿ

ਇਸ ਕੇਂਦਰ ਦੇ ਬਣਨ ਨਾਲ ਇਲਾਕੇ ਦੇ ਵਸਨੀਕਾਂ ਨੂੰ ਮੁੱਢਲੀਆਂ ਸਿਹਤ ਸੇਵਾਵਾਂ, ਜਾਂਚ ਅਤੇ ਇਲਾਜ ਦੀਆਂ ਸਹੂਲਤਾਂ ਇੱਕ ਹੀ ਥਾਂ ਉਪਲਬਧ ਹੋਣਗੀਆਂ.

-----------------------------------------------------------------------------